**ਦਫਤਰ ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ ਲੋ ਨਿ ਵਿ ਭ ਤੇ ਮ ਸ਼ਾਖਾ, 1-ਇੰਡਸਟ੍ਰੀਅਲ ਏਰੀਆ ਫੇਸ , ਸਾਹਮਣੇ ਪੁਲਿਸ ਸਟੇਸ਼ਨ(ਮੋਹਾਲੀ) ਸਹਿਬਜ਼ਾਦਾ ਅਜੀਤ ਸਿੰਘ ਨਗਰ**

**ਟੈਲੀਫੋਨ ਨੰ 2226328-0172 : Email id: pwdmohali@gmail.com & ee.pd.moh.pwd@punjab.gov.in**

---

ਵੱਲ

The Principal,
Garden Valley International School,
Village Bela, Distt. Rupnagar.

ਨੰਬਰ 7179 ਮਿਤੀ 25-7-23

**ਵਿਸ਼ਾ:-** **ਬਿਲਡਿੰਗ ਸੇਫਟੀ ਸਰਟੀਫਿਕੇਟ ਲੈਣ ਸਬੰਧੀ।**

**ਹਵਾਲਾ:-** **ਆਪ ਦਾ ਪੱਤਰ ਨੰ. GVIS/1068/23** ਮਿਤੀ 01.06.2023

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨਅਰ, ਉਸਾਰੀ ਉਪ ਮੰਡਲ ਨੰ 1, ਲੋਕ ਨਿਰਮਾਣ ਵਿਭਾਗ, ਭ ਤੇ ਮ ਸ਼ਾਖਾ, ਰੂਪਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਇਮਾਰਤ ਦਾ ਹਰ ਪੱਖੋ ਮੁਆਇਨਾ ਕਰਨ ਉਪਰੰਤ ਇਮਾਰਤ ਠੀਕ ਪਾਈ ਗਈ ਹੈ। ਇਸ ਸਕੂਲ ਦੀ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ 2023-24 ਤੱਕ ਇਸ ਸ਼ਰਤ ਤੇ ਜਾਰੀ ਕੀਤਾ ਜਾਂਦਾ ਹੈ ਕਿ ਇਹ ਸਕੂਲ ਫਾਇਰ ਸਰਟੀਫਿਕੇਟ ਸਰਟੀਫਿਕੇਟ ਮਿਤੀ 07.10.2023 ਤੋਂ ਮਿਤੀ 31.03.2024 ਤੱਕ ਇਸ ਦਫਤਰ ਵਿੱਚ ਜਮ੍ਹਾ ਕਰਵਾਉਣਗੇ। ਜੇਕਰ ਉਕਤ ਸਮੇਂ ਦਾ ਫਾਇਰ ਸਰਟੀਫਿਕੇਟ ਜਮ੍ਹਾ ਨਹੀਂ ਕਵਾਇਆ ਜਾਂਦਾ ਤਾਂ ਇਹ ਸੇਫਟੀ ਸਰਟੀਫਿਕੇਟ ਮਿਤੀ 07.10.2023 ਤੱਕ ਸਮਝਿਆ ਜਾਵੇਗਾ। ਬਾਕੀ ਦੀਆਂ ਸ਼ਰਤਾਂ ਹੇਠ ਲਿਖੇ ਅਨੁਸਾਰ ਹਨ:-

1 ਨਿਰੀਖਣ ਤੋਂ ਬਾਅਦ ਜੇਕਰ ਸਕੂਲ ਮੁਖੀ ਵੱਲੋਂ ਦਰਸਾਈ ਗਈ ਬਿਲਡਿੰਗ ਵਿੱਚ ਕੋਈ ਵੀ ਵਾਧਾ/ਬਦਲਾਵ ਕੀਤਾ ਜਾਂਦਾ ਹੈ ਤਾਂ ਉਹ ਕਿਸੇ ਮਾਨਤਾ ਪ੍ਰਾਪਤ ਇੰਜੀਨੀਅਰ ਦੀ ਨਿਗਰਾਨੀ ਵਿੱਚ ਕਰਵਾਇਆ ਜਾਵੇ ਅਤੇ ਬਿਲਡਿੰਗ ਦੀ ਸੇਫਟੀ ਸਬੰਧੀ ਮਾਨਤਾ ਪ੍ਰਾਪਤ ਸਟੱਕਚਰਲ ਇੰਜੀਨੀਅਰ ਤੋਂ ਦੁਬਾਰਾ ਪ੍ਰਵਾਨਗੀ ਲੈਣ ਉਪਰੰਤ ਇਸ ਦਫ਼ਤਰ ਤੋਂ ਦਰਸਾਈਆਂ ਸ਼ਰਤਾਂ ਨੂੰ ਮੁੱਖ ਰੱਖਦੇ ਹੋਏ ਦੁਬਾਰਾ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਜਾਰੀ ਕਰਵਾਇਆ ਜਾਵੇ।

2 ਜੇਕਲ ਕੋਈ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਵੀ ਸਕੂਲ ਮੁੱਖੀ ਨੂੰ ਤੁਰੰਤ ਇਸ ਦਫ਼ਤਰ ਨੂੰ ਸੂਚਿਤ ਕਰਨਾ ਪਵੇਗਾ ਤਾਂ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ।

3 ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਿਜ਼, ਰੂਪਨਗਰ ਵੱਲੋਂ ਉਨ੍ਹਾਂ ਦੇ ਨੰ. **NOC no** 1907-**60737**-Fire/43620 ਮਿਤੀ 07.10.2022 ਦੁਆਰਾ ਜਾਰੀ ਕੀਤਾ ਗਿਆ ਹੈ। ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।

**4** ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ.ਨਿ.ਵਿ. ਭ ਤੇ ਮ ਸ਼ਾਖਾ,
ਐਸ.ਏ.ਐਸ ਨਗਰ।

ਪਿੱਠ ਅੰਕਣ ਨੰ. ਮਿਤੀ

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ 1, ਲੋ.ਨਿ.ਵਿ. ਭ ਤੇ ਮ ਸ਼ਾਖਾ, ਰੂਪਨਗਰ ਨੂੰ ਉਹਨਾ ਦੇ ਪੱਤਰ ਨੰਬਰ 1158 ਮਿਤੀ 20.07.2023 ਦੇ ਹਵਾਲੇ ਅਧੀਨ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ.ਨਿ.ਵਿ. ਭ ਤੇ ਮ ਸ਼ਾਖਾ,
ਐਸ.ਏ.ਐਸ ਨਗਰ।